


ਹੱਕ ਸੱਚ ਦੀ ਆਵਾਜ਼

# ਫਤਿਹ ਟਾਈਮਜ਼

ਰੋਜ਼ਾਨਾ ਡਿਜੀਟਲ ਐਡੀਸ਼ਨ

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ ।।



ਮੁੱਖ ਸੰਪਾਦਕ
ਸਰਬਜੋਤ ਸਿੰਘ ਖਾਲਸਾ

ਮੁੱਖ ਸੰਪਾਦਕ ਸਰਬਜੋਤ ਸਿੰਘ ਖਾਲਸਾ | www.fatehtimesmedia.com | Email- fatehtimes1699@gmail.com

ਰਜਿ ਨੰ : ਪੀ ਬੀ 22000167 | ਫਤਿਹਾਬਾਦ , ਐਤਵਾਰ 6 ਜੁਲਾਈ 2025, ਨਾਨਕਸ਼ਾਹੀ 22 ਹਾੜ , ਸੰਮਤ 557 | ਸਾਲ: 4, ਅੰਕ 133, ਪੰਨੇ: 4, ਮੁੱਲ: 4 ਰੁਪਏ

## ਪੰਥਕ ਮਸਲਿਆਂ 'ਤੇ ਫ਼ੈਸਲੇ ਦਾ ਹੱਕ ਸਿਰਫ਼ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ - ਬ੍ਰਹਮਪੁਰਾ

### ਗੁਮਰਾਹਕੁੰਨ ਪ੍ਰਚਾਰ ਰਾਹੀਂ ਸਿੱਖ ਕੌਮ 'ਚ ਪਾੜਾ ਪਾਉਣ ਦੀ ਕੋਸ਼ੇਸ਼ - ਬ੍ਰਹਮਪੁਰਾ



ਤਰਨ ਤਾਰਨ, 5 ਜੁਲਾਈ (ਐਸ ਐਸ ਸੰਧਾ) ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ, ਹਲਕਾ ਖਡੂਰ ਸਾਹਿਬ ਦੇ ਇੰਚਾਰਜ ਅਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਤਖ਼ਤ ਸ੍ਰੀ ਪਟਨਾ ਸਾਹਿਬ ਵੱਲੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ 'ਤਨਖ਼ਾਈਆ' ਕਰਾਰ ਦੇਣ ਦੇ ਫ਼ੈਸਲੇ ਨੂੰ ਸਖ਼ਤ ਸ਼ਬਦਾਂ ਵਿੱਚ ਰੱਦ ਕਰਦਿਆਂ ਇਸਨੂੰ ਸਿੱਖ ਕੌਮ ਵਿੱਚ ਭੰਬਲਭੂਸਾ ਪੈਦਾ ਕਰਨ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਕਮਜ਼ੋਰ ਕਰਨ ਲਈ ਇੱਕ ਸੋਚੀ-ਸਮਝੀ ਅਤੇ ਡੂੰਘੀ ਸਿਆਸੀ ਸਾਜ਼ਿਸ਼ ਕਰਾਰ ਦਿੱਤਾ ਹੈ। ਸ੍ਰ. ਬ੍ਰਹਮਪੁਰਾ ਨੇ ਕਿਹਾ ਕਿ ਸਮੁੱਚਾ ਸ਼੍ਰੋਮਣੀ ਅਕਾਲੀ ਦਲ ਅਤੇ ਪੰਜਾਬ ਦੇ ਲੋਕ ਆਪਣੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਦੇ ਨਾਲ ਚੱਟਾਨ ਵਾਂਗ ਖੜ੍ਹਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਦੀ ਸਰਵਉੱਚ ਸੰਸਥਾ ਹੈ ਅਤੇ ਸਮੁੱਚੇ ਪੰਥ ਨਾਲ ਜੁੜੇ ਕਿਸੇ ਵੀ ਮਸਲੇ 'ਤੇ ਫ਼ੈਸਲਾ ਲੈਣ ਦਾ ਅਧਿਕਾਰ ਸਿਰਫ਼ ਅਤੇ ਸਿਰਫ਼ ਸ੍ਰੀ ਅਕਾਲ ਤਖ਼ਤ ਸਾਹਿਬ ਕੋਲ ਹੈ। ਤਖ਼ਤ ਸ੍ਰੀ ਪਟਨਾ ਸਾਹਿਬ ਵੱਲੋਂ ਲਿਆ ਗਿਆ ਇਹ ਫ਼ੈਸਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਸਿੱਧੀ ਚੁਣੌਤੀ ਦੇਣ ਅਤੇ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ ਦੇ ਤੁਲ ਹੈ। ਉਨ੍ਹਾਂ ਕਿਹਾ ਕਿ ਇਹ ਸਭ ਕੁਝ ਪੰਜਾਬ ਅਤੇ ਪੰਥ-ਵਿਰੋਧੀ (ਬਾਕੀ ਸਫਾ 2 ਤੇ)

## ਤਖਤ ਸ੍ਰੀ ਪਟਨਾ ਸਾਹਿਬ ਵੱਲੋਂ ਸ. ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦੇਣਾ ਅਧਿਕਾਰਾਂ ਤੋਂ ਬਾਹਰੀ ਕਾਰਵਾਈ - ਐਡਵੋਕੇਟ ਧਾਮੀ



ਅੰਮ੍ਰਿਤਸਰ, 5 ਜੁਲਾਈ (ਫ.ਟ.ਬ) ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਪੰਜ ਪਿਆਰੇ ਸਾਹਿਬਾਨ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦੇਣ ਦੇ ਫੈਸਲੇ ’ਤੇ ਚਿੰਤਾ ਪ੍ਰਗਟ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਨੂੰ ਪੰਥ ਵਿੱਚ ਦੁਬਿਧਾ ਪਾਉਣ ਵਾਲੀ ਅਤੇ ਅਧਿਕਾਰਾਂ ਤੋਂ ਬਾਹਰੀ ਕਾਰਵਾਈ ਕਰਾਰ ਦਿੱਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਖਾਲਸਾ ਪੰਥ ਦੀਆਂ ਰਵਾਇਤਾਂ ਤੇ ਪਰੰਪਰਾਵਾਂ ਕੌਮ ਦੇ ਮਸਲੇ ਨਜਿੱਠਣ ਲਈ ਹਨ, ਨਾ ਕਿ ਕੌਮੀ ਸੰਕਟ ਪੈਦਾ ਕਰਨ ਲਈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਬਉਚਤਾ ਨੂੰ ਦਰਕਿਨਾਰ ਕਰਨਾ ਉਚਿਤ ਨਹੀਂ ਹੈ ਅਤੇ ਅਜਿਹੇ ਚਲਣ ਨਾਲ ਕੌਮ ਅੰਦਰ ਆਪਾ ਧਾਪੀ ਵਾਲਾ ਮਾਹੌਲ ਪੈਦਾ ਹੋਵੇਗਾ। ਉਨ੍ਹਾਂ ਕਿਹਾ ਕਿ ਬੇਸ਼ਕ ਤਖ਼ਤ ਸ੍ਰੀ ਪਟਨਾ ਸਾਹਿਬ ਦਾ ਸਿੱਖ ਜਗਤ ਅੰਦਰ ਵੱਡਾ ਸਤਿਕਾਰ ਹੈ, ਪ੍ਰੰਤੂ ਪੰਥਕ ਮਾਮਲਿਆਂ ਨੂੰ ਵਿਚਾਰਨ ਦਾ ਅਧਿਕਾਰ ਕੇਵਲ ਸ੍ਰੀ ਅਕਾਲ ਤਖਤ ਸਾਹਿਬ ਨੂੰ ਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਕਿਸੇ ਵੀ ਪੰਥਕ ਮਾਮਲੇ ’ਤੇ ਸ੍ਰੀ ਅਕਾਲ ਤਖਤ ਸਾਹਿਬ ਦੀ ਅਗਵਾਈ ਵਿੱਚ ਪੰਜ ਸਿੰਘ ਸਾਹਿਬਾਨ ਮਿਲ ਕੇ ਬੈਠਣ ਅਤੇ ਫੈਸਲੇ ਲੈਣ ਦੀ ਲੰਬੀ ਇਤਿਹਾਸਕ ਪ੍ਰੰਪਰਾ ਰਹੀ ਹੈ। ਇਹੀ ਪ੍ਰੰਪਰਾ ਸਿੱਖ ਕੌਮ ਨੂੰ ਦੁਨੀਆਂ ਵਿੱਚ ਉਭਾਰਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਵਉਚਤਾ ਨੂੰ ਦੂਜੇ ਤਖ਼ਤ ਸਾਹਿਬਾਨ ਤੋਂ ਹੀ ਚੁਨੌਤੀ ਦਿੱਤੀ ਜਾਣ ਲੱਗ ਪਈ ਤਾਂ ਇਹ ਸਿੱਖ ਪਰੰਪਰਾਵਾਂ ਦੀ ਮੌਲਿਕਤਾ ਅਤੇ ਅਮੀਰੀ ਨੂੰ ਸੱਟ ਮਾਰਨ ਤੋਂ ਘੱਟ ਨਹੀਂ ਮੰਨੀ ਜਾ ਸਕਦੀ। ਉਨ੍ਹਾਂ ਆਖਿਆ ਕਿ ਮੌਜੂਦਾ ਮਾਮਲੇ ਦੇ ਸਬੰਧ ਵਿੱਚ ਮਿਲ ਬੈਠ ਕੇ ਹੱਲ ਵੱਲ ਤੁਰਨਾ ਚਾਹੀਦਾ ਹੈ, ਤਾਂ ਜੋ ਕੌਮ ਅੰਦਰ ਦਿਸ ਰਹੇ ਟਕਰਾਅ ਦੀ ਥਾਂ ’ਤੇ ਸਿੱਖ ਸ਼ਕਤੀ ਨੂੰ ਕੌਮੀ ਹਿਤਾਂ, ਕੌਮ ਦੀ ਚੜ੍ਹਦੀ ਕਲਾ ਅਤੇ ਸਿੱਖੀ ਪ੍ਰਚਾਰ ਲਈ ਵਰਤਿਆ ਜਾ ਸਕੇ।

## ਕੀ ਕੁੰਵਰ ਵਿਜੇਪ੍ਰਤਾਪ ਸਿੰਘ ਦੀ ਮੰਗ ਜਾਇਜ਼ ਨਹੀ ਸੀ?

### ਸਰਬਜੋਤ ਸਿੰਘ ਖਾਲਸਾ

ਬੇਅਦਬੀ ਮਾਮਲੇ ਦੀ ਆਵਾਜ ਬੁਲੰਦ ਕਰਨ ਵਾਲੇ ਕੁੰਵਰ ਵਿਜੇਪ੍ਰਤਾਪ ਸਿੰਘ ਜਿਨਾਂ ਨੂੰ ਇਹ ਵਿਸ਼ਵਾਸ ਦਵਾਇਆ ਗਿਆ ਸੀ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਦਿਆ ਬੇਅਦਬੀ ਦੇ ਦੋਸ਼ੀ ਅਤੇ ਉਨ੍ਹਾਂ ਦੀ ਪੁਸ਼ਤਪਨਾਹੀ ਕਰਨ ਵਾਲਿਆ ਨੂੰ ਸਜਾਵਾ ਦਿੱਤੀਆਂ ਜਾਣਗੀਆਂ ਪਰ ਇਸ ਇਮਾਨਦਾਰ ਅਤੇ ਧਾਕੜ ਪੁਲਿਸ ਅਫਸਰ ਰਹੇ ਕੁੰਵਰ ਵਿਜੇਪ੍ਰਤਾਪ ਸਿੰਘ ਜਿਨ੍ਹਾਂ ਇਸ ਮਾਮਲੇ ਚ ਆਪਣੀ ਨੌਕਰੀ ਨੂੰ ਲੱਤ ਮਾਰ ਦਿੱਤੀ ਸੀ ਉਸ ਦੀ ਆਪਣੀ ਹੀ ਸਰਕਾਰ ਵਲੋਂ ਨਾ ਸੁਣੇ ਜਾਣਾ 'ਆਪ' ਸਰਕਾਰ ਤੇ ਵੱਡਾ ਸਵਾਲੀਆ ਨਿਸ਼ਾਨ ਹੈ। ਕੁੰਵਰ ਵਲੋਂ ਵਾਰ ਵਾਰ ਬੇਅਦਬੀ ਮਾਮਲੇ ਸਬੰਧੀ ਆਵਾਜ ਉਠਾਉਣਾ ਸ਼ਾਇਦ 'ਆਪ' ਵਾਲਿਆਂ ਨੂੰ ਚੰਗਾ ਨਹੀ ਲੱਗਾ ਤੇ ਏਸੇ ਕਰਕੇ ਹੀ ਬੀਤੇ ਦਿਨ ਮਜੀਠੀਆ ਬਾਰੇ। ਉਹਨਾਂ ਦੇ ਇਕ ਬਿਆਨ ਨੂੰ ਬਿਨਾ ਘੋਖੇ ਹੀ ਉਹ ਨੂੰ 'ਆਪ' ਵਿਚੋ ਕੱਢ ਦੇਣਾ ਵੱਡੇ ਸਵਾਲ ਖੜਾ ਕਰ ਗਿਆ। ਕੁੰਵਰ ਨੇ ਬੜੀ ਬੇਬਾਕੀ ਨਾ ਕਿਹਾ ਸੀ ਕਿ ਬੇਅਦਬੀ ਮਾਮਲੇ ਦੇ ਦੋਸ਼ੀਆਂ ਅਤੇ ਉਨ੍ਹਾਂ ਦੀ ਪੁਸ਼ਤਪਨਾਹੀ ਕਰਨ ਵਾਲਿਆਂ ਨੂੰ ਦੁਨਿਆਵੀ ਅਦਾਲਤਾਂ ਵਿਚ ਭਾਵੇਂ ਦੇਰੀ ਨਾਲ ਸਜਾ ਮਿਲੇ ਪਰ ਉਸ ਅਕਾਲ ਪੁਰਖ ਦੀ ਅਦਾਲਤ ਵਿਚ ਉਹ ਅੱਜ ਵੀ ਦੋਸ਼ੀ ਨੇ ਤੇ ਉਨ੍ਹਾਂ ਨੂੰ ਸਜਾਵਾਂ ਮਿਲ ਵੀ ਰਹੀਆਂ ਨੇ।

## ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼ਰਧਾ ਨਾਲ ਮਨਾਇਆ ਮੀਰੀ ਪੀਰੀ ਦਿਵਸ



ਅੰਮ੍ਰਿਤਸਰ, 5 ਜੁਲਾਈ (ਫ.ਟ.ਬ) ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਮੀਰੀ ਪੀਰੀ ਦਿਵਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਅਰਦਾਸ ਉਪਰੰਤ ਸੰਗਤ ਨੂੰ ਪਾਵਨ ਹੁਕਮਨਾਮਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ ਨੇ ਸਰਵਣ ਕਰਵਾਇਆ। ਸਮਾਗਮ ਦੌਰਾਨ (ਬਾਕੀ ਸਫਾ 2 ਤੇ)

**ਐਡਵੋਕੇਟ ਧਾਮੀ ਨੇ ਮੀਰੀ ਪੀਰੀ ਦਿਵਸ ਦੀ ਸੰਗਤਾਂ ਨੂੰ ਦਿੱਤੀ ਵਧਾਈ**

ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਮੀਰੀ ਪੀਰੀ ਦਿਵਸ ਦੀ ਸਿੱਖ ਸੰਗਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੋਂ ਬਾਅਦ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਜੀ ਨੇ ਧਰਮ ਅਨੁਸਾਰੀ ਰਾਜ ਦੇ ਸੰਕਲਪ ਨੂੰ ਸਿਧਾਂਤਕ ਤੌਰ ’ਤੇ ਅੱਗੇ ਵਧਾਇਆ ਅਤੇ ਮੀਰੀ ਤੇ ਪੀਰੀ ਦੀਆਂ ਦੋ ਕਿਰਪਾਨਾਂ ਧਾਰਨ ਕੀਤੀਆਂ। ਉਨ੍ਹਾਂ ਕਿਹਾ ਕਿ ਜਿਥੇ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ਼ਾਂਤਮਈ ਰਹਿ ਕੇ ਜ਼ੁਲਮ ਦਾ ਵਿਰੋਧ ਕਰਦਿਆਂ ਸ਼ਹਾਦਤ ਪ੍ਰਾਪਤ ਕੀਤੀ, ਉੱਥੇ ਹੀ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸ਼ਸਤਰਬੱਧ ਖ਼ਾਲਸਈ ਫ਼ੌਜ ਗਠਨ ਕਰਕੇ ਜਾਬਰ ਦੇ ਜ਼ੁਲਮ ਦਾ ਮੂੰਹ-ਤੋੜਵਾਂ ਜਵਾਬ ਦਿੱਤਾ। ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬ ਵੱਲੋਂ ਬਖਸ਼ਿਸ਼ ਕੀਤੇ ਸਿਧਾਂਤ ’ਤੇ ਚੱਲਣ ਦੀ ਪ੍ਰੇਰਨਾ ਕੀਤੀ।

## ਜਨਮ ਦਿਨ ਮੁਬਾਰਕ

ਫਤਿਹ ਸਿੰਘ
ਪਿਤਾ ਕਰਨਵੀਰ ਸਿੰਘ
ਵਾਸੀ ਸਾਰਾਏ
(ਗੁਰਦਾਸਪੁਰ)



visit us on:
www.fatehtimesmedia.com
fatehtimes1699@gmail.com

## ਗੋਲਡਨ ਐਜੂਕੇਸ਼ਨ ਮਖੂ ਸੰਸਥਾ ਵਲੋਂ ਪੀ ਟੀ ਈ ਵਿਚੋਂ ਵਧੀਆ ਸਕੋਰ ਬੈਂਡ ਪ੍ਰਾਪਤ ਕਰਨ ਵਾਲੇ ਸਟੂਡੈਂਟਸਾਂ ਨੂੰ ਸਰਟੀਫਿਕੇਟ ਵੰਡੇ



ਮਖੂ, 5 ਜੁਲਾਈ (ਸ਼ਬੇਗ ਸਿੰਘ) ਮਖੂ ਸ਼ਹਿਰ ਦੀ ਇਕੋ ਇਕ ਗੋਲਡਨ ਐਜੂਕੇਸ਼ਨ ਦੇ ਨਾਮ ਨਾਲ ਜਾਣੀ ਜਾਂਦੀ ਸੰਸਥਾ ਹੈ ।ਜੋ ਪਿਛਲੇ ਕਈ ਸਾਲਾਂ ਤੋਂ ਆਈ ਲੈਟਸ ਅਤੇ ਪੀ ਟੀ ਈ ਅਤੇ ਟੈਲੀ ਦੇ ਕੋਰਸ ਕਰਵਾ ਕੇ ਤੇ ਵੀਜੇ ਲਗਵਾ ਕੇ ਪਤਾ ਨਹੀਂ ਕਿਤਨੇ ਵਿਦਿਆਰਥੀਆਂ ਨੂੰ ਅਲੱਗ ਅਲੱਗ ਬਾਹਰਲੇ ਦੇਸ਼ਾਂ ਵਿਚ ਰੁਜਗਾਰ ਹਾਸਲ ਕਰਨ ਲਈ ਚੰਗੇਂ ਨੰਬਰ ਬੋਰਡ ਸਕੋਰ ਪ੍ਰਾਪਤ ਕਰਨ ਵਿਚ ਮਦਦ ਕਰ ਰਹੀ ਹੈ। ਇਸੇ ਲੜੀ ਤਹਿਤ ਵਧੀਆਂ ਕਾਰਗੁਜਾਰੀ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵੱਲੋਂ ਪੀ ਟੀ ਈ ਵਿਚੋਂ ਵੱਧੀਆ ਨੰਬਰ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਜਿੰਨ੍ਹਾਂ ਵਿਚ ਪੀ ਟੀ ਈ ਵਿਚੋਂ ਰਮਨਦੀਪ ਸਿੰਘ ਕਿੜ੍ਹੀਆਂ 82,ਪਵਨਦੀਪ ਕੌਰ ਦਾਸੂਵਾਲ 64, ਜਸ਼ਨੀਪ ਸਿੰਘ ਹਰੀਕੇ ਪੱਤਣ 70, ਅਕਾਸ਼ਦੀਪ ਸਿੰਘ ਹਰੀਕੇ ਪੱਤਣ 62, ਤੇ ਸਮਰਪ੍ਰੀਤ ਸਿੰਘ ਮੁੱਲੂਵਾਲਾ ਨੇ 65 ਅੰਕ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ, ਇਲਾਕੇ ਦਾ ਤੇ ਗੋਲਡਨ ਐਜੂਕੇਸ਼ਨ ਸੰਸਥਾ ਮਖੂ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਸੰਸਥਾ ਗੋਲਡਨ ਐਜੂਕੇਸ਼ਨ ਦੇ ਮੈਨਜਿੰਗ ਡਾਇਰੈਕਟਰ ਮਨਜਿੰਦਰ ਸਿੰਘ ਨੇ ਕਿਹਾ ਕਿ ਇਹ ਸਭ ਸਟਾਫ ਦੀ ਮਿਹਨਤ ਸਦਕਾ ਹੋਇਆ ਹੈ । ਇਸ ਮੌਕੇ ਮੈਨੇਜਰ ਡਾਇਰੈਕਟਰ ਮਨਿੰਦਰ ਨੇ ਇਹਨਾਂ ਸਭਨਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ। ਇਹਨਾਂ (ਬਾਕੀ ਸਫਾ 2 ਤੇ)

## ਥਾਣਾ ਮਾਮੂਨ ਕੈਂਟ ਤੋਂ ਲੱਗਭਗ 100 ਮੀਟਰ ਦੂਰੀ ਤੇ ਅਵਾਰਾ ਪਸ਼ੂ ਦੇ ਰਹੇ ਹਾਦਸਿਆਂ ਨੂੰ ਸੱਦਾ





### ਪ੍ਰਸ਼ਾਸਨ ਜਾਣ ਕੇ ਵੀ ਅਨਜਾਣ, ਕੀ ਵੱਡੇ ਹਾਦਸੇ ਦੀ ਉਡੀਕ: ਸੌਰਭ ਗੁਪਤਾ ਰਾਸ਼ਟਰੀ ਪ੍ਰਧਾਨ ਯੁਵਾ ਭਗਵਾਂ ਸੈਨਾ ਸੰਗਠਨ

ਪਠਾਨਕੋਟ, 5 ਜੁਲਾਈ (ਪਵਨ ਸ਼ਰਮਾਂ) ਅਵਾਰਾ ਪਸ਼ੂਆਂ ਦੀ ਸਮੱਸਿਆ ਜ਼ਿਲਾ ਪਠਾਣਕੋਟ ਦੀ ਵੱਡੀ ਸਮੱਸਿਆ ਬਣਦੀ ਜਾ ਰਹੀ ਹੈ। ਹੁਣ ਇਹ ਪਸ਼ੂ ਪਠਾਣਕੋਟ ਚੰਬਾ ਮਾਰਗ ਤੇ ਆਮ ਹੀ ਬੈਠੇ ਨਜ਼ਰ ਆਉਦੇ ਹਨ ਅਤੇ ਵੱਡੇ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ। ਸਰਕਾਰਾਂ ਵੱਲੋਂ ਕਈ ਤਰੀਕਿਆਂ ਨਾਲ ਗਊ ਸੈਸ ਆਮ ਲੋਕਾਂ ਤੋਂ ਇੱਕਠਾ ਕੀਤਾ ਜਾਂਦਾ ਹੈ। ਪਰ ਪ੍ਰਸ਼ਾਸ਼ਨ ਇਹਨਾਂ ਦੀ ਸਾਂਭ ਲਈ ਕੀ ਕਰ ਰਿਹਾ ਹੈ? ਇਹ ਸਵਾਲ ਆਮ ਜਨਤਾ ਦਾ ਹੈ। ਰਾਤ ਦੇ ਸਮੇਂ ਤਾਂ ਰਾਹਗੀਰਾਂ ਨੂੰ ਜਿਆਦਾ ਮੁਸ਼ਕਿਲ ਆਉਦੀ ਹੈ, ਕਿਉਕਿ ਰਾਤ ਦੇ ਸਮੇਂ ਕਾਲੇ ਰੰਗ ਦੇ ਅਵਾਰਾ ਪਸ਼ੂ ਨਜ਼ਰ ਨਹੀਂ ਆਉਦੇ,ਜਿਸ ਕਰਕੇ ਕੋਈ ਵੀ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ। ਫੋਟੋ ਵਿੱਚ ਸਾਫ ਨਜ਼ਰ ਆ ਰਿਹਾ ਹੈ ਥਾਣਾ ਮਾਮੂਨ ਕੈਂਟ ਦੇ ਨੇੜੇ ਲਗਭਗ 100 ਮੀਟਰ ਦੀ ਦੂਰੀ ਤੇ ਅਵਾਰਾ ਪਸ਼ੂਆਂ ਦਾ ਇਹ ਜਮਾਵੜਾ ਹਾਦਸਿਆਂ ਨੂੰ ਸੱਦਾ ਦੇ ਰਿਹਾ ਅਤੇ ਪਰਸ਼ਾਸ਼ਨ ਕਬੂਤਰ ਵਾਂਗੂੰ ਅੱਖਾਂ ਬੰਦ ਕਰਕੇ ਬੈਠਾ। ਇਸ ਸੰਬੰਧ ਵਿੱਚ ਸੌਰਭ ਗੁਪਤਾ ਰਾਸ਼ਟਰੀ ਪ੍ਰਧਾਨ ਯੁਵਾ ਭਗਵਾਂ ਸੈਨਾ ਸੰਗਠਨ ਦਾ ਕਹਿਣਾ ਹੈ ਕਿ ਅਵਾਰਾ ਪਸ਼ੂ ਲੋਕਾਂ ਦੀਆ ਫਸਲਾਂ ਤਬਾਹ ਕਰਦੇ ਹਨ, ਨਿੱਤ ਹੀ ਕੋਈ ਨ ਕੋਈ ਹਾਦਸਾ ਵਾਪਰਦਾ ਹੈ,ਪਰ ਪ੍ਰਸ਼ਾਸਨ ਇਸਦਾ ਕੋਈ ਪੱਕਾ ਹੱਲ ਕੱਢਣ ਵਿੱਚ ਨਾਕਾਮ ਹੈ। ਕੀ 112 ਹੈਲਪ ਲਾਈਨ (ਐਕਸੀਡੈਂਟ ਹੈਲਪ ਲਾਈਨ ਪੰਜਾਬ ਪੁਲਿਸ) ਸਿਰਫ ਇਸ ਕਰਕੇ ਬਣਾਈ ਗਈ ਹੈ ਕਿ ਪਹਿਲਾਂ ਹਾਦਸਾ ਹੋਏ ਫਿਰ ਪੀੜਤਾਂ ਨੂੰ ਫਿਸਟ ਐਡ ਦੇ ਕੇ ਸੋਸ਼ਲ ਮੀਡੀਆ ਤੇ ਵਾਹ ਵਾਹੀ ਖੱਟੀ (ਬਾਕੀ ਸਫਾ 2 ਤੇ)

ਸਫਾ 1 ਦੀ ਬਾਕੀ

## ਪੰਥਕ ਮਸਲਿਆਂ 'ਤੇ ਫ਼ੈਸਲੇ ਦਾ ਹੱਕ ਸਿਰਫ਼.....

ਫਤਿਹ ਟਾਈਮਜ਼ ਤਾਕਤਾਂ ਦੇ ਇਸ਼ਾਰੇ 'ਤੇ ਹੋ ਰਿਹਾ ਹੈ, ਜਿਨ੍ਹਾਂ ਦਾ ਇੱਕੋ-ਇੱਕ ਮਕਸਦ ਸਿੱਖਾਂ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਅਕਾਲੀ ਦਲ ਅਤੇ ਇਸਦੀ ਲੀਡਰਸ਼ਿਪ ਖ਼ਿਲਾਫ਼ ਗੁਮਰਾਹਕੁੰਨ ਪ੍ਰਚਾਰ ਕਰਕੇ ਸਿੱਖ ਕੌਮ ਨੂੰ ਵੰਡਣਾ ਅਤੇ ਕਮਜ਼ੋਰ ਕਰਨਾ ਹੈ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੂੰ ਜਾਣਬੁੱਝ ਕੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਕਿਉਂਕਿ ਉਹ ਪੰਜਾਬ ਅਤੇ ਪੰਥ ਦੇ ਹੱਕਾਂ ਲਈ ਲਗਾਤਾਰ ਆਵਾਜ਼ ਬੁਲੰਦ ਕਰ ਰਹੇ ਹਨ। ਸ੍ਰ. ਬ੍ਰਹਮਪੁਰਾ ਨੇ ਸਮੂਹ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਗੁਮਰਾਹਕੁੰਨ ਅਤੇ ਪੰਥ-ਵਿਰੋਧੀ ਪ੍ਰਚਾਰ ਤੋਂ ਸੁਚੇਤ ਰਹਿਣ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਪੂਰਾ ਭਰੋਸਾ ਰੱਖਣ। ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਪੰਥ ਦੀ ਚੜ੍ਹਦੀ ਕਲਾ ਲਈ ਵਚਨਬੱਧ ਰਿਹਾ ਹੈ ਅਤੇ ਅੱਗੇ ਵੀ ਰਹੇਗਾ।

ਸਫਾ 1 ਦੀ ਬਾਕੀ

## ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼ਰਧਾ ਨਾਲ ਮਨਾਇਆ..

ਫਤਿਹ ਟਾਈਮਜ਼ ਸੰਬੋਧਨ ਕਰਦਿਆਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸੰਗਤਾਂ ਨੂੰ ਮੀਰੀ ਪੀਰੀ ਦਿਵਸ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਛੇਵੇਂ ਪਾਤਸ਼ਾਹ ਵੱਲੋਂ ਸਿੱਖ ਕੌਮ ਨੂੰ ਮੀਰੀ ਪੀਰੀ ਦੇ ਸਿਧਾਂਤ ਨਾਲ ਜੋੜ ਕੇ ਜੋ ਮਾਰਗ ਦਿਖਾਇਆ ਗਿਆ, ਉਹ ਧਰਮ ਦੀ ਕਮਾਈ ਕਰਦਿਆਂ ਸੱਚ ਦੀ ਰਾਜਨੀਤੀ ਰਾਹੀਂ ਮਜਲੂਮਾਂ ਦੀ ਰੱਖਿਆ ਕਰਨ ਵਾਲਾ ਹੈ। ਉਨ੍ਹਾਂ ਕਿਹਾ ਕਿ ਸੰਸਾਰ ਅੰਦਰ ਸਮਝਿਆ ਜਾਂਦਾ ਸੀ ਕਿ ਧਰਮ ਤੇ ਰਾਜਨੀਤੀ ਵੱਖਰੀ ਹੈ, ਪਰ ਗੁਰੂ ਸਾਹਿਬਾਨ ਨੇ ਸਿੱਖਾਂ ਨੂੰ ਇਕ ਨਿਵੇਕਲਾ ਸਿਧਾਂਤ ਦਿੱਤਾ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਮੀਰ ਨੂੰ ਜ਼ੁਲਮ ਦੇ ਰਾਹ ਚੱਲਣ ਤੋਂ ਵਰਜਿਆ ਅਤੇ ਪੀਰ ਨੂੰ ਪਖੰਡ ਤੇ ਕਰਮ ਕਾਂਡ ਛੱਡ ਕੇ ਪਰਮਾਤਮਾ ਨਾਲ ਜੁੜਨ ਦੀ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ ਸਿਧਾਂਤ ਅਨੁਸਾਰ ਹੀ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਧਰਮ ਤੇ ਰਾਜਨੀਤੀ ਨੂੰ ਇਕੱਠਿਆ ਕੀਤਾ ਅਤੇ ਮੀਰੀ ਪੀਰੀ ਦੀਆਂ ਕਿਰਪਾਨਾਂ ਧਾਰਨ ਕਰਕੇ ਰੂਹਾਨੀਅਤ ਦੇ ਨਾਲ-ਨਾਲ ਸਿੱਖਾਂ ਨੂੰ ਰਾਜਸੀ ਸ਼ਕਤੀ ਲਈ ਵੀ ਪ੍ਰੇਰਿਆ। ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਨੇ ਗੁਰੂ ਸਿਧਾਂਤਾਂ 'ਤੇ ਅਮਲ ਕਰਦਿਆਂ ਇਨਸਾਫ਼ ਦਾ ਅਜਿਹਾ ਰਾਜ ਦਿੱਤਾ, ਜਿਸ ਦੀ ਦੁਨੀਆ ਅੰਦਰ ਕਿਧਰੇ ਮਿਸਾਲ ਨਹੀਂ ਮਿਲਦੀ। ਉਨ੍ਹਾਂ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਕਿ ਇੱਕ ਸਾਂਝੇ ਪਰਿਵਾਰ ਵਾਂਗ ਵਿਚਰਦਿਆਂ ਗੁਰੂ ਸਾਹਿਬ ਦੇ ਸਿਧਾਂਤ ਨੂੰ ਆਪਣੇ ਜੀਵਨ ਵਿੱਚ ਅਪਣਾਈਏ। ਸਮਾਗਮ ਦੌਰਾਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀਆਂ ਮੀਰੀ ਪੀਰੀ ਦੀਆਂ ਕਿਰਪਾਨਾਂ ਦੇ ਸੰਗਤ ਨੂੰ ਦਰਸ਼ਨ ਵੀ ਕਰਵਾਏ ਗਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ, ਸ੍ਰੀ ਅਕਾਲ ਤਖਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ, ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਸ. ਪ੍ਰੀਤਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸ. ਅੰਮ੍ਰਿਤਪਾਲ ਸਿੰਘ ਕੁਲਾਰ, ਸੁਪਰਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਸਤਨਾਮ ਸਿੰਘ ਰਿਆੜ, ਵਧੀਕ ਮੈਨੇਜਰ ਸ. ਜਸਪਾਲ ਸਿੰਘ, ਸ. ਬਿਕਰਮਜੀਤ ਸਿੰਘ ਝੰਗੀ, ਸ. ਜੁਗਰਾਜ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਮੀਤ ਮੈਨੇਜਰ ਸ. ਗੁਰਤਿੰਦਰਪਾਲ ਸਿੰਘ ਕਾਦੀਆਂ ਸਮੇਤ ਸੰਗਤਾਂ ਹਾਜ਼ਰ ਸਨ।

ਸਫਾ 1 ਦੀ ਬਾਕੀ

## ਥਾਣਾ ਮਾਮੂਨ ਕੈਂਟ ਤੋਂ ਲੱਗਭਗ 100 ਮੀਟਰ ਦੂਰੀ ਤੇ.........

ਫਤਿਹ ਟਾਈਮਜ਼ ਖੱਟੀ ਜਾਵੇ। ਪ੍ਰਸ਼ਾਸ਼ਨ ਇਹਨਾਂ ਅਵਾਰਾ ਪਸ਼ੂਆਂ ਕਾਰਨ ਹੋਣ ਵਾਲੇ ਜਾਨੀ ਅਤੇ ਮਾਲੀ ਨੁਕਸਾਨ ਦੀ ਜਿੰਮੇਵਾਰੀ ਲਵੇ? ਇਸ ਸੰਬੰਧੀ ਜਦੋਂ ਥਾਣਾ ਮਾਮੂਨ ਕੈਂਟ ਦੇ ਐਸ ਐਚ ਓ ਪ੍ਰੀਤੀ ਮੈਡਮ ਨਾਲ ਰਾਬਤਾ ਕੀਤਾ ਗਿਆ ਤਾਂ ਉਹਨਾਂ ਨੇ ਕਿਹਾ ਕਿ ਇਸ ਸੰਬੰਧੀ ਲੋਕਲ ਨਾਗਰਿਕ ਅਤੇ ਗਊਸ਼ਾਲਾ ਵਾਲੇ ਸਹਿਯੋਗ ਕਰਨ ਤਾਂ ਜੋਂ ਇਹ ਆਵਾਰਾ ਪਸ਼ੂ ਸੜਕ ਤੇ ਨਾ ਆਉਣ। ਇਸ ਤੋਂ ਇਲਾਵਾ ਉਹਨਾਂ ਨੇ ਕਿਹਾ ਕਿ ਉਹ ਇਸਦਾ ਪੁਖਤਾ ਹੱਲ ਕੱਢਣ ਲਈ ਮਾਣਯੋਗ ਡਿਪਟੀ ਕਮਿਸ਼ਨਰ ਪਠਾਨਕੋਟ ਦੇ ਧਿਆਨ ਵਿੱਚ ਵੀ ਇਹ ਮਸਲਾ ਲਿਆਉਣਗੇ ਤਾਂ ਜੋਂ ਅਵਾਰਾ ਅਤੇ ਪੀੜਤ ਪਸ਼ੂਆਂ ਲਈ ਕੋਈ ਆਸਰਾ ਬਣਾਇਆ ਜਾ ਸਕੇ।

ਸਫਾ 1 ਦੀ ਬਾਕੀ

## ਗੋਲਡਨ ਐਜੂਕੇਸ਼ਨ ਮਖੂ ਸੰਸਥਾ ਵਲੋਂ ਪੀ ਟੀ ਈ ਵਿਚੋਂ .......

ਫਤਿਹ ਟਾਈਮਜ਼ ਇਹਨਾਂ ਸਾਰੇ ਵਿਦਿਆਰਥੀਆਂ ਨੇ ਵੀ ਗੋਲਡਨ ਐਜੂਕੇਸ਼ਨ ਦੇ ਸਟਾਫ ਦਾ ਧੰਨਵਾਦ ਕੀਤਾ। ਮਨਿੰਦਰ ਸਿੰਘ ਨੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੇ ਕਿਸੇ ਨੇ ਆਪਣੇ ਬੱਚੇ ਨੂੰ ਆਈ ਲੈਟਸ ਜਾਂ ਪੀ ਟੀ ਈ ਦਾ ਕੋਰਸ ਕਰਾਉਣਾ ਹੋਵੇ ਜਾਂ ਸਟੱਡੀ, ਵਰਕ ਪਰਮਿਟ ਸਪੌਂਸਰ ਵੀਜਾ ਅਪਲਾਈ ਕਰਨਾਂ ਹੋਵੇ ਤਾਂ ਵਰਕਿੰਗ ਵਾਲੇ ਦਿਨ ਸੋਮਵਾਰ ਤੋਂ ਸ਼ਨੀਵਾਰ ਨੂੰ ਮਖੂ ਸਾਡੇ ਦਫਤਰ ਵਿਚ ਆ ਕੇ ਸਲਾਹ ਲੈ ਸਕਦੇ ਹੋ।

## ਪੰਜਾਬ ਸਰਕਾਰ ਦੀ ਅਣ -ਐਲਾਨੀ ਵਿੱਤੀ ਐਮਰਜੈਂਸੀ ਖ਼ਿਲਾਫ਼ ਜਿਲ੍ਹੇ ਦੇ ਖਜ਼ਾਨਾ ਦਫਤਰ ਅੱਗੇ 8 ਜੁਲਾਈ ਨੂੰ ਧਰਨਾ ਦੇਣ ਦਾ ਐਲਾਨ

ਫਤਿਹ ਟਾਈਮਜ਼ ਬਠਿੰਡਾ 5 ਜੁਲਾਈ(ਗੋਲਡੀ ਮੱਕੜ ) ਇੱਕ ਪਾਸੇ ਪੰਜਾਬ ਦੇ ਵਿੱਤ ਮੰਤਰੀ ਵੱਲੋਂ ਮਾਲੀਏ ਵਿੱਚ ਵੱਡੇ ਵਾਧੇ ਦੇ ਦਮਗਜੇ ਮਾਰੇ ਜਾ ਰਹੇ ਹਨ ਸੂਬੇ ਦੇ ਖਜ਼ਾਨੇ ਦੀ ਵਿੱਤੀ ਹਾਲਤ ਮਜ਼ਬੂਤ ਹੋਣ ਦੇ ਦਾਅਵੇ ਕੀਤੇ ਜਾ ਰਹੇ ਹਨ। ਦੂਜੇ ਪਾਸੇ ਪੰਜਾਬ ਦੇ ਹਜ਼ਾਰਾਂ ਮੁਲਾਜ਼ਮ ਅਤੇ ਸਿੱਖਿਆ ਵਿਭਾਗ ਵਿਚੋਂ ਸੇਵਾ ਮੁਕਤ ਹੋਏ ਅਧਿਆਪਕ ਆਪਣੀ ਸੇਵਾ ਮੁਕਤੀ ਦੇ ਲਾਭ ਲੈਣ ਲਈ ਤਰਸ ਰਹੇ ਹਨ। ਡੈਮੋਕਰੈਟਿਕ ਟੀਚਰ ਫਰੰਟ ਦੇ ਪ੍ਰਧਾਨ ਰੇਸ਼ਮ ਸਿੰਘ ਖੇਮੂਆਣਾਂ, ਸਕੱਤਰ ਜਸਵਿੰਦਰ ਸਿੰਘ ਨੇ ਪੰਜਾਬ ਸਰਕਾਰ ਦੀ ਵਿੱਤੀ ਐਮਰਜੈਂਸੀ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਆਰ. ਬੀ.ਆਈ.ਤੋਂ 8500 ਕਰੋੜ ਦਾ ਕਰਜਾ ਲੈਣ ਦੇ ਬਾਵਜੂਦ ਵੀ ਮੁਲਜ਼ਮਾਂ ਦੀਆਂ ਵਿੱਤੀ ਦੇਣਦਾਰੀਆਂ ਅਦਾ ਨਹੀਂ ਕਰ ਰਹੀ। ਇਸ ਤੋਂ ਬਿਨਾਂ ਵੀ ਸੂਬਾ ਸਰਕਾਰ ਹਰ ਮਹੀਨੇ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੋਂ ਵਿਕਾਸ ਟੈਕਸ ਦੇ ਨਾਮ ਤੇ 200 ਰੁਪਏ ਪ੍ਰਤੀ ਮਹੀਨਾ ਜਜੀਏ ਦੀ ਉਗਰਾਹੀ ਕਰਨ ਦੇ ਬਾਵਜੂਦ ਵੀ ਵਿੱਤੀ ਮੁਹਾਜ਼ ਤੇ ਬੁਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਹੈ। ਉਨ੍ਹਾਂ ਕਿਹਾ ਕਿ ਫੋਕੀ ਇਸ਼ਤਿਹਾਰਬਾਜ਼ੀ ਦੇ ਸਹਾਰੇ ਵਾਹ ਵਾਹ ਖੱਟਣ ਦੇ ਰਾਹ ਪਈ ਸੂਬਾ ਸਰਕਾਰ ਵੱਲੋਂ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮਾਂ ਨੂੰ ਪੂਰੀ ਤਰ੍ਹਾਂ ਵਿਸਾਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ 31 ਮਾਰਚ ,30 ਅਪ੍ਰੈਲ ਅਤੇ 31 ਮਈ ਨੂੰ ਸੇਵਾ ਮੁਕਤ ਹੋਏ ਅਧਿਆਪਕਾਂ ਨੂੰ ਸਰਕਾਰੀ ਖਜ਼ਾਨੇ ਵਿਚੋਂ ਫੁੱਟੀ ਕੌਡੀ ਵੀ ਜਾਰੀ ਨਹੀਂ ਕੀਤੀ ਗਈ। ਜੱਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ, ਮੀਤ ਪ੍ਰਧਾਨ ਵਿਕਾਸ ਗਰਗ, ਜਥੇਬੰਦਕ ਸਕੱਤਰ ਕੁਲਵਿੰਦਰ ਸਿੰਘ ਵਿਰਕ, ਵਿੱਤ ਸਕੱਤਰ ਅਨਿਲ ਭੱਟ ਅਤੇ ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਖੇਮੂਆਣਾ ਨੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਖ਼ਿਲਾਫ਼ ਲਗਾਤਾਰ ਸੰਘਰਸ਼ ਕਰਨ ਦੀ ਪੈਰਵਾਈ ਕਰਦਿਆਂ ਕਿਹਾ ਕਿ ਸੂਬੇ ਭਰ ਵਿੱਚ ਹਾਲੇ ਤੱਕ ਸਾਰੇ ਅਧਿਆਪਕਾਂ ਨੂੰ ਜੂਨ ਮਹੀਨੇ ਦੀ ਤਨਖਾਹ ਵੀ ਜਾਰੀ ਨਹੀਂ ਕੀਤੀ ਗਈ ਅਧਿਆਪਕਾਂ ਨੂੰ ਤਨਖਾਹਾਂ ਲੈਣ ਲਈ ਵੀ ਖੱਜਲ ਖ਼ੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ॥ ਮੈਡੀਕਲ ਪ੍ਰਤੀਪੂਰਤੀ, ਜੀ.ਪੀ.ਐੱਫ. ਫਾਈਨਲ ਪੇਮੈਂਟ, ਜੀ. ਪੀ.ਐੱਫ.ਅਡਵਾਂਸ, ਇੱਥੋਂ ਤੱਕ ਕਿ ਮੌਤ ਹੋਣ ਦੀ ਹਾਲਤ ਵਿੱਚ ਦਿੱਤੀ ਜਾਣ ਵਾਲੀ ਐਕਸਗਰੇਸ਼ੀਆ ਦੇ ਬਿੱਲ ਵੀ ਖਜ਼ਾਨਾ ਦਫਤਰਾਂ ਵਿਚ ਰੁਲ ਰਹੇ ਹਨ।

# ਮੁੱਖ ਮੰਤਰੀ ਵੱਲੋਂ ਪਵਿੱਤਰ ਨਗਰੀ ਦੇ ਵਸਨੀਕਾਂ ਨੂੰ ਲਗਪਗ 350 ਕਰੋੜ ਰੁਪਏ ਦਾ ਤੋਹਫ਼ਾ

ਫਤਿਹ ਟਾਈਮਜ਼

ਅੰਮ੍ਰਿਤਸਰ, 5 ਜੁਲਾਈ (ਪ ਪ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪ੍ਰਮੁੱਖ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਦਿਆਂ ਅੰਮ੍ਰਿਤਸਰ ਦੇ ਵਸਨੀਕਾਂ ਨੂੰ ਲਗਭਗ 350 ਕਰੋੜ ਰੁਪਏ ਦਾ ਤੋਹਫ਼ਾ ਦਿੱਤਾ। ਪਵਿੱਤਰ ਨਗਰੀ ਨੂੰ ਨਤਮਸਤਕ ਹੁੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅੰਮ੍ਰਿਤਸਰ ਦੇ ਵਸਨੀਕਾਂ ਨੂੰ 346.57 ਕਰੋੜ ਰੁਪਏ ਦੇ ਪ੍ਰੋਜੈਕਟ ਸਮਰਪਿਤ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਨਵੀਆਂ ਸੜਕਾਂ ਦੇ ਨਿਰਮਾਣ 'ਤੇ 56.36 ਕਰੋੜ ਰੁਪਏ ਖਰਚ ਕੀਤੇ ਗਏ ਹਨ ਜਦਕਿ ਸੜਕੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ 'ਤੇ 287.01 ਕਰੋੜ ਰੁਪਏ ਅਤੇ ਛੇ ਨਵੀਆਂ ਲਾਇਬ੍ਰੇਰੀਆਂ ਦੇ ਨਿਰਮਾਣ 'ਤੇ 3.20 ਕਰੋੜ ਰੁਪਏ ਖਰਚ ਕੀਤੇ ਗਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਪੰਜਾਬ ਮੰਡੀ ਬੋਰਡ ਅਤੇ ਲੋਕ ਨਿਰਮਾਣ ਵਿਭਾਗ ਨੇ 56.36 ਕਰੋੜ ਰੁਪਏ ਦੀ ਲਾਗਤ ਨਾਲ ਨਵੀਆਂ ਬਣੀਆਂ ਸੜਕਾਂ ਦਾ ਉਦਘਾਟਨ ਕੀਤਾ ਗਿਆ ਹੈ ਅਤੇ 287.01 ਕਰੋੜ ਰੁਪਏ ਦੀ ਲਾਗਤ ਨਾਲ ਸੜਕਾਂ ਨੂੰ ਅਪਗ੍ਰੇਡ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਪੇਂਡੂ ਸੰਪਰਕ ਸੜਕਾਂ ਦੀ ਮੁਰੰਮਤ ਅਤੇ ਅਪਗ੍ਰੇਡ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕੁੱਲ 64,878 ਕਿਲੋਮੀਟਰ ਸੰਪਰਕ ਸੜਕਾਂ ਹਨ ਅਤੇ ਹੁਣ ਤੱਕ ਹਰ ਛੇ ਸਾਲਾਂ ਵਿੱਚ




### ਅੰਮ੍ਰਿਤਸਰ ਵਿਖੇ ਨਵੀਆਂ ਬਣੀਆਂ ਸੜਕਾਂ, ਅਪਗ੍ਰੇਡ ਕੀਤੀਆਂ ਸੰਪਰਕ ਸੜਕਾਂ, ਛੇ ਨਵੀਆਂ ਲਾਇਬ੍ਰੇਰੀਆਂ ਲੋਕਾਂ ਨੂੰ ਕੀਤੀਆਂ ਸਮਰਪਿਤ

ਇਨ੍ਹਾਂ ਦੀ ਮੁਰੰਮਤ ਕੀਤੀ ਜਾਂਦੀ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਇਨ੍ਹਾਂ ਲਿੰਕ ਸੜਕਾਂ ਦੀ ਮੁਰੰਮਤ ਦੇ ਨਾਲ ਅਗਲੇ ਪੰਜ ਸਾਲਾਂ ਲਈ ਚੱਲ ਰਹੀ ਸਾਂਭ-ਸੰਭਾਲ ਨੂੰ ਇਸ ਵਿੱਚ ਸ਼ਾਮਲ ਕਰਨ ਦਾ ਇੱਕ ਹੋਰ ਇਤਿਹਾਸਕ ਫੈਸਲਾ ਲਿਆ ਗਿਆ ਹੈ।

ਮੁੱਖ ਮੰਤਰੀ ਨੇ ਅੱਗੇ ਦੱਸਿਆ ਕਿ ਅੰਮ੍ਰਿਤਸਰ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿੱਚ ਛੇ ਲਾਇਬ੍ਰੇਰੀਆਂ ਦਾ ਉਦਘਾਟਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਲਾਇਬ੍ਰੇਰੀਆਂ ਦਾ ਨਿਰਮਾਣ ਨਗਰ ਨਿਗਮ ਵੱਲੋਂ 3.20 ਕਰੋੜ ਦੀ ਲਾਗਤ ਨਾਲ ਕੀਤਾ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੰਮ੍ਰਿਤਸਰ ਪੱਛਮੀ ਵਿਧਾਨ ਸਭਾ ਹਲਕੇ ਵਿੱਚ ਦੋ ਮੌਜੂਦਾ ਲਾਇਬ੍ਰੇਰੀਆਂ ਜਿਨ੍ਹਾਂ ਵਿੱਚ ਛੇਹਰਟਾ ਲਾਇਬ੍ਰੇਰੀ ਅਤੇ ਪੁਰਾਣੀ ਡੀ.ਸੀ. ਦਫ਼ਤਰ ਲਾਇਬ੍ਰੇਰੀ ਦਾ ਕ੍ਰਮਵਾਰ 32.58 ਲੱਖ ਰੁਪਏ ਅਤੇ 31.41 ਲੱਖ ਰੁਪਏ ਦੀ ਲਾਗਤ ਨਾਲ ਨਵੀਨੀਕਰਨ ਕੀਤਾ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਅੰਮ੍ਰਿਤਸਰ ਦੇ ਉੱਤਰੀ, ਕੇਂਦਰੀ, ਪੂਰਬੀ ਅਤੇ ਦੱਖਣੀ ਹਲਕਿਆਂ ਵਿੱਚ ਇੱਕ-ਇੱਕ ਲਾਇਬ੍ਰੇਰੀ ਸਥਾਪਤ ਕੀਤੀ ਗਈ ਹੈ ਅਤੇ ਹਰੇਕ ਲਾਇਬ੍ਰੇਰੀ ਦੀ ਲਾਗਤ 64 ਲੱਖ ਰੁਪਏ ਹੈ। ਉਨ੍ਹਾਂ ਕਿਹਾ ਕਿ ਇਹ ਆਧੁਨਿਕ ਬੁਨਿਆਦੀ ਢਾਂਚੇ ਵਾਲੀਆਂ ਲਾਇਬ੍ਰੇਰੀਆਂ ਕੰਪਿਊਟਰ, ਇੰਟਰਨੈੱਟ, ਮਿਆਰੀ ਸਾਹਿਤ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਅਧਿਐਨ ਸਮੱਗਰੀ ਨਾਲ ਲੈਸ ਹਨ। ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ ਕਿ ਇਹ ਲਾਇਬ੍ਰੇਰੀਆਂ ਵਿਦਿਆਰਥੀਆਂ ਵਿੱਚ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਆਸ ਦੀ ਨਵੀਂ ਕਿਰਨ ਪੈਦਾ ਕਰਨਗੀਆਂ ਕਿਉਂਕਿ ਹੁਣ ਵਿਦਿਆਰਥੀ ਕਿਤਾਬਾਂ ਰਾਹੀਂ ਵਿਸ਼ਵ ਪੱਧਰੀ ਗਿਆਨ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਹ ਲਾਇਬ੍ਰੇਰੀਆਂ ਵਿਦਿਆਰਥੀਆਂ ਦੇ ਬੌਧਿਕ ਪੱਧਰ ਨੂੰ ਉੱਚਾ ਚੁੱਕਣ ਅਤੇ ਉਨ੍ਹਾਂ ਦੇ ਟੀਚਿਆਂ ਨੂੰ ਸਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੀਆਂ।

## ਪੀਣ ਵਾਲੇ ਪਾਣੀ ਨੂੰ 3 ਦਿਨ ਤੋਂ ਤਰਸ ਰਹੇ ਵਾਰਡ ਨੰ 10 ਦੇ ਇਲਾਕਾ ਨਿਵਾਸੀ,

### ਕੌਂਸਲਰ ਸ਼ਰੁਤੀ ਵਿਜ ਦੀ ਅਗਵਾਈ ਵਿੱਚ ਸਥਾਨਕ ਲੋਕਾਂ ਨੇ ਕੀਤਾ ਰੋਸ਼ ਪ੍ਰਦਰਸ਼ਨ

ਫਤਿਹ ਟਾਈਮਜ਼

ਅਮ੍ਰਿਤਸਰ , 5 ਜੁਲਾਈ (ਫ.ਟ.ਬ) ਵਾਰਡ ਨੰਬਰ 10 ਦੇ ਇਲਾਕਾ ਗੰਡਾ ਸਿੰਘ , ਰਿਸ਼ੀ ਵਿਹਾਰ , ਮੂਨ ਐਵੇਨਿਊ ਆਦਿ ਵਿੱਚ ਪਿਛਲੇ 3 ਦਿਨ ਵਲੋਂ ਪੀਣ ਦੇ ਪਾਣੀ ਨਹੀਂ ਪੁੱਜਣ ਦੇ ਕਾਰਨ ਅੱਜ ਸਥਾਨਕ ਲੋਕਾਂ ਨੇ ਕੌਂਸਲਰ ਸ਼ਰੁਤੀ ਵਿਜ ਦੀ ਅਗਵਾਈ ਵਿੱਚ ਨਗਰ ਨਿਗਮ ਅਤੇ ਠੇਕੇਦਾਰ ਦੇ ਵਿਰੁੱਧ ਰੋਸ਼ ਪ੍ਰਦਰਸ਼ਨ ਕੀਤਾ । ਰੋਸ਼ ਪ੍ਰਦਰਸ਼ਨ ਦੇ ਦੌਰਾਨ ਲੋਕਾਂ ਨੇ ਜੱਮਕੇ ਨਗਰ ਨਿਗਮ ਅਤੇ ਠੇਕੇਦਾਰ ਦੇ ਖਿਲਾਫ ਨਾਰੇਬਾਜੀ ਕਰਦੇ ਹੋਏ ਜਲਦ ਤੋਂ ਜਲਦ ਸਮੱਸਿਆ ਦਾ ਹੱਲ ਕੱਢਣ ਦੀ ਅਪੀਲ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੌਂਸਲਰ ਸ਼ਰੁਤੀ ਵਿਜ ਨੇ ਕਿਹਾ ਕਿ ਨਗਰ ਨਿਗਮ ਵਲੋਂ ਲਗਾਏ ਗਏ ਠੇਕੇਦਾਰ ਬਲਵਿੰਦਰ ਸਿੰਘ ਵਲੋਂ 3 ਦਿਨ ਤੋਂ ਲਾਰਾ ਲਗਾਇਆ ਜਾ ਰਿਹਾ ਹੈ ਕਿ ਮੋਟਰ ਠੀਕ ਹੋ ਜਾਵੇਗੀ । ਅੱਜ 12 ਵਜੇ ਤੱਕ ਮੋਟਰ ਠੀਕ ਕਰਣ ਦਾ ਭਰੋਸਾ ਦਿੱਤਾ ਗਿਆ ਸੀ ਲੇਕਿਨ ਉਸਦੇ ਬਾਅਦ ਨਾ ਤਾਂ ਠੇਕੇਦਾਰ ਨੇ ਫੋਨ ਚੁੱਕਿਆ ਅਤੇ ਨਾ ਹੀ ਸਬੰਧਤ ਅਧਿਕਾਰੀਆਂ ਨੇ , ਮਜਬੂਰਨ ਉਨ੍ਹਾਂ ਨੂੰ ਸਥਾਨਕ ਲੋਕਾਂ ਦੇ ਨਾਲ ਸੜਕ ਉੱਤੇ ਉਤਰਨਾ ਪਿਆ।

ਉਨ੍ਹਾਂ ਨੇ ਕਿਹਾ ਕਿ ਤੇਜ ਗਰਮੀ ਵਿੱਚ ਪਾਣੀ ਦੇ ਬਿਨਾਂ ਲੋਕਾਂ ਦਾ ਜੀਨਾ ਮੁਹਾਲ ਹੈ । ਪਾਣੀ ਲਈ ਲੋਕ ਏਧਰ - ਉੱਧਰ ਜੁਗਾੜ ਕਰ ਰਹੇ ਹਨ ਪਰ ਇਸਦਾ ਪੁਖਤਾ ਸਮਾਧਾਨ ਨਹੀਂ ਹੋਇਆ । ਉਨ੍ਹਾਂ ਨੇ ਕਿਹਾ ਕਿ ਉਹ ਮੇਅਰ ਜਤਿੰਦਰਪਾਲ ਸਿੰਘ ਮੋਤੀ ਭਾਟੀਆ ਦਾ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਉਨ੍ਹਾਂ ਦੇ ਇੱਕ ਫੋਨ ਉੱਤੇ ਬੀਤੇ ਦਿਨ ਪਾਣੀ ਦਾ ਟੈਂਕਰ ਇਲਾਕੇ ਵਿੱਚ ਲਗਵਾਇਆ ਲੇਕਿਨ ਇਹ ਕੋਈ ਪੱਕਾ ਸਮਾਧਾਨ ਨਹੀਂ ਹੈ । ਇਸਦਾ ਪੱਕਾ ਸਮਾਧਾਨ ਤਾਂ ਪਾਣੀ ਦੀ ਮੋਟਰ ਹੀ ਹੈ, ਜਿਸਨੂੰ ਠੀਕ ਕਰਣ ਦੇ ਵੱਲ ਠੇਕੇਦਾਰ ਬਿਲਕੁੱਲ ਧਿਆਨ ਨਹੀਂ ਦੇ ਰਹੇ । ਉਨ੍ਹਾਂ ਨੇ ਨਗਰ ਨਿਗਮ ਦੇ ਕਮਿਸ਼ਨਰ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਅਜਿਹੇ ਠੇਕੇਦਾਰਾਂ ਨੂੰ ਕਿਉਂ ਟੇਂਡਰ ਦਿੱਤਾ ਜਾਂਦਾ ਹੈ ਜੋ ਕੰਮ ਕਰਣ ਵਿੱਚ ਸਮਰੱਥ ਨਹੀਂ ਹੈ । ਉਨ੍ਹਾਂ ਦੀ ਅਤੇ ਅਸਮਰੱਥਾ ਦੇ ਕਾਰਨ ਅੱਜ ਇਲਾਕਾ ਨਿਵਾਸੀ ਪਾਣੀ ਦੀ ਬੂੰਦ ਬੂੰਦ ਲਈ ਤਰਸ ਰਹੇ । ਅਜਿਹੇ ਠੇਕੇਦਾਰਾਂ ਦਾ ਟੇਂਡਰ ਤੁਰੰਤ ਰੱਦ ਕਰ ਦੇਣਾ ਚਾਹੀਦਾ ਹੈ । ਭਾਜਪਾ ਦੇ ਸੀਨੀਅਰ ਨੇਤਾ ਪ੍ਰਮੋਦ ਮਹਾਜਨ ਨੇ ਕਿਹਾ ਕਿ ਮੁੱਖਮੰਤਰੀ ਭਗਵੰਤ ਮਾਨ ਇੰਨੀ ਗਰਮੀ ਇੱਕ ਘੰਟਾ ਵੀ ਪਾਣੀ ਦੇ ਬਿਨਾਂ ਨਹੀਂ ਰਹਿ ਸੱਕਦੇ। ਇੱਥੇ ਤਾਂ ਲੋਕ ਪਿਛਲੇ ਤਿੰਨ ਦਿਨਾਂ ਤੋਂ ਪਾਣੀ ਲਈ ਤਰਸ ਰਹੇ ਹਨ । ਉਨ੍ਹਾਂ ਨੇ ਸਾਰਾ ਨਗਰ ਨਿਗਮ ਦਾ ਅਮਲਾ ਆਪਣੇ ਪਿੱਛੇ ਲਗਾਇਆ ਹੋਇਆ ਹੈ ਜਿਸਦੇ ਕਾਰਨ ਸਥਾਨਕਲੋਕ ਮੁੱਢਲੀਆਂ ਸਹੂਲਤਾਂ ਨੂੰ ਤਰਸ ਰਹੇ ਹੈ । ਉਨ੍ਹਾਂ ਨੇ ਕਿਹਾ ਦੀ ਸਮੱਸਿਆ ਦਾ ਛੇਤੀ ਤੋਂ ਛੇਤੀ ਹੱਲ ਨਹੀਂ ਹੋਇਆ ਤਾਂ ਅਸੀ ਸੜਕਾਂ ਉੱਤੇ ਉਤਰ ਕੇ ਰੋਸ਼ ਪ੍ਰਦਰਸਨ ਕੀਤੇ ਜਾਣਗੇ। ਇਸ ਮੌਕੇ ਉੱਤੇ ਰਜਨੀਸ਼ ਸ਼ਰਮਾ ,ਦੀਪਕ ਕੁਮਾਰ , ਅਮਿਤ ਅਰੋੜਾ ਆਦਿ ਭਾਰੀ ਗਿਣਤੀ ਵਿੱਚ ਪੁਰਖ ਅਤੇ ਔਰਤਾਂ ਮੌਜੂਦ ਸੀ ।

FT ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼ CHANNEL

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜ਼ਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ ਮੋ; 99885-37575

# ਦਰਸ਼ਨ ਬੇਕਰੀ

ਮੇਨ ਰੋਡ ਫਤਿਆਬਾਦ, (ਤਰਨ ਤਾਰਨ)
ਇਥੋਂ ਕੇਕ,ਪੇਸਟੀਆਂ,ਹਰ ਤਰਾਂ ਦੇ ਬਿਸਕੁੱਟ,ਸੂਜੀ ਰਸ ,ਪੈਟੀਆਂ,ਕਰੀਮ ਰੋਲ ਹਰ ਸਮੇਂ ਤਿਆਰ ਲਵੋ ।



ਕੁਲਜੀਤ ਸਿੰਘ ਲਾਡੀ

ਸੰਪਰਕ : 98721-51544, 98559-21544


# ਗੁਰਦੁਆਰਾ ਸਿੰਘ ਸਭਾ ਵਿਖੇ ਸਲਾਨਾ ਧਾਰਮਿਕ ਪ੍ਰੀਖਿਆ ਸਮਾਗਮ ਕਰਵਾਇਆ

ਫਤਿਹ ਟਾਈਮਜ਼

## ਸੁਚੱਜਾ ਜੀਵਨ ਜਿਊਣ ਲਈ ਨੌਜਵਾਨ ਗੁਰਬਾਣੀ ਗੁਰ ਇਤਿਹਾਸ ਨਾਲ ਜੁੜਨ - ਭਾਈ ਰਾਜਗੜ੍ਹ




ਮੁੱਲਾਂਪੁਰ ਦਾਖਾ, 5 ਜੁਲਾਈ (ਦਵਿੰਦਰ ਸਿੰਘ ਲੰਮੇਂ) ਗੁਰਦੁਆਰਾ ਸਿੰਘ ਸਭਾ ਕਾਲਜ ਰੋਡ ਦਾਖਾ ਵਿਖੇ ਸਲਾਨਾ ਧਾਰਮਿਕ ਪ੍ਰੀਖਿਆ ਸਮਾਗਮ ਕਰਵਾਇਆ ਗਿਆ। ਇਸ ਪ੍ਰੀਖਿਆ ਵਿੱਚ ਸ਼ਾਮਲ ਹੋਏ 135 ਵਿਦਿਆਰਥੀਆਂ ਨੂੰ ਚਾਰ ਭਾਗਾਂ ਵਿੱਚ ਵੰਡਿਆਂ ਗਿਆ । ਪਹਿਲਾ ਭਾਗ 'ਚ ਪੰਜਵੀਂ ਕਲਾਸ ਤੱਕ, ਦੂਜੇ ਭਾਗ 'ਚ ਛੇਵੀਂ ਤੋਂ ਅੱਠਵੀਂ ਕਲਾਸ, ਤੀਜੇ ਭਾਗ 'ਚ ਨੌਵੀਂ ਤੋਂ ਬਾਰਵੀਂ ਅਤੇ ਚੌਥੇ ਭਾਗ ਵਿੱਚ 21 ਸਾਲ ਉਮਰ ਵਰਗ ਦੇ ਵਿਦਿਆਰਥੀ ਲਏ ਗਏ।ਹਰੇਕ ਗਰੁੱਪ ਵਿੱਚੋਂ ਪਹਿਲੀਆਂ ਤਿੰਨ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਨਗਦ ਇਨਾਮ ਅਤੇ ਟਰਾਫ਼ੀ ਦਿੱਤੀ ਗਈ । ਇਹਨਾਂ ਸਮਾਗਮਾ ਦੌਰਾਨ ਸਮੂਹ ਵਿਦਿਆਰਥੀਆਂ ਲਈ ਉੱਘੇ ਸਮਾਜ ਸੇਵੀ ਕੁਲਦੀਪ ਸਿੰਘ ਈਸੇਵਾਲ ਵਾਲਿਆਂ ਨੇ ਟਰਾਫੀਆਂ ਅਤੇ ਸਵਰਗੀ ਜੇ.ਪੀ. ਸਿੰਘ ਦੇ ਪਰਿਵਾਰ ਵੱਲੋਂ ਬੱਚਿਆਂ ਦੀ ਹੌਸਲਾ-ਅਫ਼ਜ਼ਾਈ ਲਈ ਯਾਦਗਾਰੀ ਕੱਪ ਦਿੱਤੇ ਗਏ।ਇਸ ਮੌਕੇ ਗਿਆਨੀ ਗਗਨਦੀਪ ਸਿੰਘ ਰਾਜਗੜ੍ਹ ਨੇ ਨਸ਼ਿਆਂ ਦੀ ਵੱਧ ਰਹੀ ਭਰਮਾਰ ਅਤੇ ਸ਼ੋਸ਼ਲ ਮੀਡੀਏ 'ਤੇ ਵੱਧ ਰਹੀ ਲੱਚਰਤਾ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਅਜਿਹੀ ਅਲਾਮਤਾਂ ਤੋਂ ਬਚਣ ਲਈ ਬੱਚਿਆਂ ਨੂੰ ਗੁਰਬਾਣੀ ਗੁਰ ਇਤਿਹਾਸ ਨਾਲ ਜੋੜਨਾ ਬਹੁਤ ਜਰੂਰੀ ਹੈ। ਉਹਨਾਂ ਸਮੁੱਚੀ ਪ੍ਰਬੰਧਕ ਕਮੇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਪ੍ਰਧਾਨ ਰਘਬੀਰ ਸਿੰਘ ਔਲਖ ਨੇ ਕਿਹਾ ਕਿ ਆਉਣ ਵਾਲੀ ਪੀੜ੍ਹੀ ਨੂੰ ਗੁਰਸਿੱਖੀ ਨਾਲ ਜੋੜਨ ਲਈ ਗੁਰੂ ਦੀ ਕਿਰਪਾ ਨਾਲ ਪ੍ਰਬੰਧਕ ਕਮੇਟੀ ਅਤੇ ਸੰਗਤਾ ਦੇ ਸਹਿਯੋਗ ਨਾਲ ਅਜਿਹੇ ਸਮਾਗਮ ਹਰ ਸਾਲ ਕੀਤੇ ਜਾਂਦੇ ਹਨ । ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਭਾਈ ਗਗਨਦੀਪ ਸਿੰਘ ਰਾਜਗੜ੍ਹ ਦਾ ਵਿਸ਼ੇਸ਼ ਸਨਮਾਨ ਕੀਤਾ ਅਤੇ ਸਮਾਗਮ ਦੌਰਾਨ ਆਪਣਾ ਨਿਸ਼ਕਾਮ ਸਹਿਯੋਗ ਦੇਣ ਵਾਲੇ ਅਧਿਆਪਕਾਂ ਦਾ ਵੀ ਸਨਮਾਨ ਕੀਤਾ।ਇਸ ਮੌਕੇ ਪ੍ਰਿੰਸੀਪਲ ਸ਼ਾਂਤੀ ਦੇਵੀ ਕੌਰ,ਲੈਕ ਰੂਪ ਸਿੰਘ,ਮਾਸਟਰ ਵਰਿੰਦਰ ਸਿੰਘ ਮੰਡਿਆਣੀ, ਜਸਵਿੰਦਰ ਸਿੰਘ ਵਿਰਕ,ਮਨਪ੍ਰੀਤ ਸਿੰਘ,ਨਰਿੰਦਰ ਸਿੰਘ,ਬਲਜਿੰਦਰ ਸਿੰਘ ਅਤੇ ਮਾਸਟਰ ਅਵਨਿੰਦਰ ਸਿੰਘ ਖੰਗੂੜਾ,ਗੁਰਿੰਦਰ ਸਿੰਘ ਦਾਖਾ, ਮੈਡਮ ਰਾਜਵੰਤ ਕੌਰ,ਮੈਡਮ ਮਨਦੀਪ ਕੌਰ,ਮੈਡਮ ਗੁਰਪ੍ਰੀਤ ਕੌਰ, ਧਨਵੰਤ ਸਿੰਘ ਸੇਖੋਂ,ਮਹਿੰਦਰ ਸਿੰਘ ਭਨੋਹੜ,ਭਾਈ ਬਲਵਿੰਦਰ ਸਿੰਘ, ਗੁਰਦੇਵ ਸਿੰਘ ਜੇਈ,ਭਜਨਾਮ ਸਿੰਘ ਸਿੱਧੂ,ਪਰਮਪ੍ਰੀਤ ਸਿੰਘ,ਬਲਦੇਵ ਸਿੰਘ,ਕੁਲਵੰਤ ਸਿੰਘ,ਕੰਵਲਜੀਤ ਸਿੰਘ ਲਾਲੀ,ਸੇਵਾਦਾਰ ਮੋਹਨ ਸਿੰਘ, ਹਰਜੀਤ ਸਿੰਘ ਸੇਖੋਂ,ਪਰਮਜੀਤ ਸਿੰਘ ਖੰਗੂੜਾ,ਧਨਵੰਤ ਸਿੰਘ ਸੰਧੂ, ਕਰਨੈਲ ਸਿੰਘ ਸੇਖੋਂ,ਬਿਕਰਮਜੀਤ ਸਿੰਘ ਦੇਤਵਾਲ ਅਤੇ ਰਾਜਵਿੰਦਰ ਸਿੰਘ ਆਦਿ ਹਾਜ਼ਰ ਸਨ।

# ਸੂਫੀ ਗਾਇਕ ਪੀਸੀ ਰਾਊਤ ਰਾਜਪੂਤ ਦਾ ਆਪਣੀ ਜਨਮ ਭੂਮੀ ਉੜੀਸਾ ਪਹੁੰਚਣ ਤੇ ਮਿਲਿਆ ਮਾਨ ਸਨਮਾਨ



ਫਤਿਹ ਟਾਈਮਜ਼

ਜਲੰਧਰ/ਭੋਗਪੁਰ , 5 ਜੁਲਾਈ (ਸਤਿੰਦਰਪਾਲ ਸਿੰਘ) ਬੀਤੇ ਦਿਨੀ ਪੀਸੀ ਰਾਉਤ ਰਾਜਪੂਤ ਆਪਣੀ ਜਨਮ ਭੂਮੀ ਵਿਖੇ ਤਕਰੀਬਨ ਚਾਰ ਸਾਲ ਬਾਅਦ ਪਹੁੰਚੇ ਅਤੇ ਸਭ ਤੋਂ ਪਹਿਲਾਂ ਉਹ ਆਪਣੇ ਪਿੰਡ ਕੋਚੀਲਾ ਵਿਖੇ ਗਏ ਜਿੱਥੇ ਪਿੰਡ ਵਾਸੀਆਂ ਵਲੋਂ ਉਹਨਾਂ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਉਨਾਂ ਨੇ ਆਪਣੇ ਮਾਤਾ ਪਿਤਾ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਇਸ ਤੋਂ ਉਪਰੰਤ ਮਿਊਜਿਕ ਡਾਇਰੈਕਟਰ ਬਸੰਤ ਕੁਮਾਰ ਦਾਸ ਉੜੀਸਾ ਕਲਚਰ ਅਕੈਡਮੀ ਅਤੇ ਸੰਗੀਤ ਰਚਨਾ ਮੁਰਛਣਾ ਸਾਂਝਾ ਮੰਚ ਜਿਲ੍ਹਾ ਕੇਦਾਰਾ ਵਿਖੇ ਇੰਦਰਾਪੜਾ ਰਾਜ ਮਹਾ ਉਤਸਵ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਸ਼ਿਰਕਤ ਕੀਤੀ, ਅਤੇ ਉਸ ਤੋਂ ਬਾਅਦ ਵੱਖ-ਵੱਖ ਪਾਰਟੀ ਦੇ ਆਗੂਆਂ ਨੂੰ ਮਿਲੇ ਜਿਸ ਵਿੱਚ ਬੀਜੂ ਜਨਤਾ ਦਲ ਦੇ ਨੇਤਾ ਜਗਤਾ ਨੰਦ ਬਾਲ ਅਤੇ ਚਿਰਨ ਜੀਵ ਦਾਸ, ਅਤੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਰਾਜ ਕਨਿਕਾ ਆਲੀ ਦੇ ਦੇਵ ਸਿਮਿਤਾ ਸ਼ਰਮਾ ਅਤੇ ਬੀਜੇਪੀ ਪਾਰਟੀ ਦੇ ਦਿੱਗਜ ਹਲਕਾ ਇੰਚਾਰਜ ਕ੍ਰਿਸ਼ਨ ਚੰਦਰ ਪੱਡਾ ਸੂਜਾਤਾਂ ਬਾਰੀਕ, ਅਤੇ ਉੜੀਸਾ ਦੇ ਕਲਚਰ ਟੂਰਿਜਮ ਐਜੂਕੇਸ਼ਨ ਸੂਰਜ ਨੂੰ ਵੀ ਮਿਲੇ ਮੰਤਰੀ ਸਾਹਿਬ ਨੇ ਮਿਲ ਕੇ ਪੰਜਾਬ ਵਿੱਚ ਜੋ ਨਾਮ ਕਮਾਇਆ ਹੈ ਪੀਸੀ ਰਾਊਤ ਰਾਜਪੁਜੀ ਨੇ ਉਹਨਾਂ ਦਾ ਸ਼ਲਾਘਾ ਕੀਤੀ ਅਤੇ ਸਾਰੇ ਪੰਜਾਬੀਆਂ ਦਾ ਧੰਨਵਾਦ ਕੀਤਾ।

# ਭਾਜਪਾ ਦੇ ਸੇਵਾਦਾਰ ਤੁਹਾਡੇ ਦੁਆਰ' ਮੁਹਿੰਮ ਤਹਿਤ ਪਿੰਡ ਸਹੌਲੀ ਵਿਖੇ ਲਗਾਇਆ ਕੈਂਪ

ਫਤਿਹ ਟਾਈਮਜ਼



ਮੁੱਲਾਂਪੁਰ ਦਾਖਾ, 5 ਜੁਲਾਈ (ਦਵਿੰਦਰ ਸਿੰਘ ਲੰਮੇਂ) ਭਾਰਤੀ ਜਨਤਾ ਪਾਰਟੀ ਵੱਲੋਂ ਸੂਬੇ ਭਰ ਵਿੱਚ ਸ਼ੁਰੂ ਕੀਤੀ ਗਈ ਭਾਜਪਾ ਦੇ ਸੇਵਾਦਾਰ ਆਪ ਕੇ ਦੁਆਰ ਮੁਹਿੰਮ ਤਹਿਤ ਪਿੰਡ ਸਹੌਲੀ ਵਿਖੇ ਇੰਚਾਰਜ ਮੇਜਰ ਸਿੰਘ ਦੇਤਵਾਲ, ਗੁਰਜੀਤ ਕੌਰ ਗਾਲਿਬ, ਤਨਵੀਰ ਸਿੰਘ ਔਲਖ ਅਤੇ ਸੁਸ਼ੀਲ ਚੌਧਰੀ ਦੀ ਪ੍ਰਧਾਨਗੀ ਹੇਠ ਕੈਂਪ ਲਗਾਇਆ ਗਿਆ । ਜਿਸ ਦੌਰਾਨ ਇੰਚਾਰਜ ਮੇਜਰ ਸਿੰਘ ਦੇਤਵਾਲ ਨੇ ਲੋਕਾਂ ਨੂੰ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਬਾਰੇ ਜਾਗਰੂਕ ਕੀਤਾ ਅਤੇ ਉਨ੍ਹਾਂ ਦੇ ਵੱਖ-ਵੱਖ ਸਕੀਮਾਂ ਲਈ ਫਾਰਮ ਭਰਕੇ ਕਾਰਡ ਬਣਾਏ ਗਏ। ਇਸ ਮੌਕੇ ਦੇਤਵਾਲ ਨੇ ਕਿਹਾ ਕਿ 5 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਲਈ ਆਯੁਸ਼ਮਾਨ ਕਾਰਡ, ਕਿਸਾਨ ਸਨਮਾਨ ਨਿਧੀ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਈ-ਐਸਐਮਐਸ ਕਾਰਡ, ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ, ਪੈਨਸ਼ਨ, ਪ੍ਰਧਾਨ ਮੰਤਰੀ ਸੂਰਜ ਘਰ ਮੁਫ਼ਤ ਬਿਜਲੀ ਯੋਜਨਾ, ਟੂਲ ਕਿੱਟ ਵੰਡ ਪ੍ਰੋਗਰਾਮ ਆਦਿ ਦੇ ਕਾਰਡ ਬਣਾਕੇ ਮੌਕੇ 'ਤੇ ਹੀ ਲਾਭਪਾਤਰੀਆਂ ਨੂੰ ਵੰਡੇ ਗਏ।ਜਿਲਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਨੇ ਕਿਹਾ ਕਿ ਇਹਨਾਂ ਮੁਫਤ ਯੋਜਨਾਵਾਂ ਦੇ ਸਾਰੇ ਕੰਮ ਪੰਜਾਬ ਭਾਜਪਾ ਵੱਲੋਂ ਬਿਲਕੁਲ ਮੁਫ਼ਤ ਕੀਤੇ ਜਾ ਰਹੇ ਹਨ, ਤਾਂ ਜੋ ਵੱਧ ਤੋਂ ਵੱਧ ਲੋਕ ਕੇਂਦਰ ਸਰਕਾਰ ਦੀਆਂ ਸਕੀਮਾਂ ਦਾ ਲਾਭ ਲੈ ਸਕਣ। ਉਨਾਂ ਕਿਹਾ ਕਿ ਪੂਰੇ ਦਾਖਾ ਹਲਕੇ ਵਿੱਚ ਅਜਿਹੇ ਕੈਂਪ ਲਗਾਏ ਜਾ ਰਹੇ ਹਨ ਅਤੇ ਭਾਜਪਾ ਦੇ ਸੇਵਾਦਾਰ ਹਰ ਪਿੰਡ ਵਿੱਚ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣਕੇ ਉਹਨਾਂ ਦਾ ਹੱਲ ਕਰ ਰਹੇ ਹਨ। ਉਨਾਂ ਹਲਕਾ ਦਾਖਾ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਪਣੇ ਪਿੰਡ ਵਿੱਚ ਇਹ ਕੈਂਪ ਲਗਾਉਣ ਲਈ ਉਹਨਾਂ ਨਾਲ ਜਾਂ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਜਗਰਾਉਂ ਨਾਲ ਸੰਪਰਕ ਕਰ ਸਕਦੇ ਹਨ। ਇਸ ਮੌਕੇ ਪਰਮਜੀਤ ਸਿੰਘ ਟੂਸਾ, ਅੰਬੂਰਾਮ, ਸ਼ਕਤੀ ਸ਼ਰਮਾ ਅਤੇ ਕਾਂਤਾ ਰਾਣੀ ਆਦਿ ਹਾਜਰ ਸਨ।

# ਬੀ ਈ ਈ ਹਰਦੀਪ ਸਿੰਘ ਸੰਧੂ ਨੂੰ ਸਦਮਾਂ ਪਿਤਾ ਗੁਰਨਾਮ ਸਿੰਘ ਦਾ ਅਚਾਨਕ ਹੋਇਆ ਦਿਹਾਂਤ

ਫਤਿਹ ਟਾਈਮਜ਼



ਚੋਹਲਾ ਸਾਹਿਬ 5 ਜੁਲਾਈ (ਸਨਦੀਪ ਸਿੱਧੂ,ਪਰਮਿੰਦਰ ਚੋਹਲਾ) ਇਲਾਕੇ ਵਿੱਚ ਉਸ ਸਮੇਂ ਸੋਗ ਦੀ ਲਹਿਰ ਫੈਲ ਗਈ ਜਦ ਬੀ ਈ ਈ ਹਰਦੀਪ ਸਿੰਘ ਸੰਧੂ ਦੇ ਪਿਤਾ ਸਰਦਾਰ ਗੁਰਨਾਮ ਸਿੰਘ ਜ਼ੋ ਸੇਵਾ ਕਰਨ ਲਈ ਗਏ ਸਨ ਦਾ ਅਚਾਨਕ ਦਿਹਾਂਤ ਹੋ ਗਿਆ।ਜਿਕਰਯੋਗ ਹੈ ਕਿ ਹਰਦੀਪ ਸਿੰਘ ਸੰਧੂ ਬੀ ਈ ਈ ਲਗਪਗ 8 ਸਾਲ ਸੀ ਐਚ ਸੀ ਸਰਹਾਲੀ ਵਿਖੇ ਡਿਊਟੀ ਨਿਭਾ ਚੁੱਕੇ ਹਨ ਅਤੇ ਹੁਣ ਉਹ ਸੀ ਐਚ ਸੀ ਫਿਰੋਜ਼ਸ਼ਾਹ ਵਿਖੇ ਬੀ ਈ ਈ ਦੀ ਪੋਸਟ ਤੇ ਤਾਇਨਾਤ ਹਨ।ਸਰਦਾਰ ਗੁਰਨਾਮ ਸਿੰਘ ਛੇ ਭੈਣ ਭਰਾਵਾਂ ਵਿੱਚੋਂ ਸਭ ਤੋਂ ਛੋਟੇ ਸਨ।ਉਹ ਆਪਣੇ ਪਿੱਛੇ ਆਪਣੀ ਧਰਮਪਤਨੀ ਸਰਦਾਰਨੀ ਮਨਜੀਤ ਕੌਰ,ਹਰਦੀਪ ਸਿੰਘ ਸੰਧੂ ਪੁੱਤਰ,ਪਰਮਜੀਤ ਕੌਰ ਪੁੱਤਰੀ,ਬੇਅੰਤ ਕੌਰ ਪੁੱਤਰੀ,ਜ਼ਸਪ੍ਰੀਤ ਸਿੰਘ ਜਵਾਈ,ਸੁਖਪ੍ਰੀਤ ਸਿੰਘ ਜਵਾਈ ਛੱਡ ਗਏ।ਇਸ ਸਮੇਂ ਹਰਦੀਪ ਸਿੰਘ ਸੰਧੂ ਨੇ ਜਣਕਾਰੀ ਦਿੱਤੀ ਕਿ ਉਹਨਾਂ ਦੇ ਪਿਤਾ ਸਰਦਾਰ ਗੁਰਨਾਮ ਸਿੰਘ ਦੀ ਮ੍ਰਿਤਕ ਦਿਹ ਦਾ ਸੰਸਕਾਰ ਉਹਨਾਂ ਦੇ ਜੱਦੀ ਪਿੰਡ ਸ਼ਹਿਜਾਦੀ ਜਿਲ੍ਹਾ ਫਿਰੋਜ਼ਪੁਰ ਵਿਖੇ ਕੀਤਾ ਗਿਆ ਹੈ ਅਤੇ ਉਹਨਾਂ ਦੀ ਆਤਮਿਕ ਸ਼ਾਂਤੀ ਲਈ 13 ਜੁਲਾਈ ਦਿਨ ਐਤਵਾਰ ਨੂੰ ਅਰਦਾਸ ਉਹਨਾਂ ਦੇ ਜੱਦੀ ਪਿੰਡ ਸ਼ਹਿਜਾਦੀ ਵਿਖੇ ਕੀਤੀ ਜਾਵੇਗੀ।ਇਸ ਸਮੇਂ ਸੀਨੀਅਰ ਮੈਡੀਕਲ ਅਫਸਰ ਡਾਕਟਰ ਜਤਿੰਦਰ ਸਿੰਘ ਗਿੱਲ ਸੀ ਐਚ ਸੀ ਸਰਹਾਲੀ ਅਤੇ ਸਮੂਹ ਸਟਾਫ ਨੇ ਹਰਦੀਪ ਸਿੰਘ ਅਤੇ ਉਸਦੇ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ।


FT ਹੱਕ ਸੱਚ ਦੀ ਆਵਾਜ਼
ਫਤਿਹ ਟਾਈਮਜ਼ CHANNEL

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ
ਮੋ; 99885-37575


Editor,Owner and Publisher Sarbjot Singh Khalsa on behalf of Fateh Times online news and media company Regd:PB22000167,Published from Fateh Times H/O Mankdeka Road , Fatehabad,(Tarntaran) 143407

ਅਦਾਲਤੀ ਸ਼ਿਕਾਇਤਾਂ ਅਤੇ ਝਗੜਿਆਂ ਦਾ ਨਿਪਟਾਰਾ ਕੇਵਲ ਲੋਕਲ ਸਬ ਡਵੀਜਨ ਖਡੂਰ ਸਾਹਿਬ ਵਿਖੇ ਹੀ ਹੋਵੇਗਾ।

# ਅਦਾਰਾ ਫਤਿਹ ਟਾਈਮਜ਼ ਦੀ ਚੌਥੀ ਵਰ੍ਹੇਗੰਢ ਮੌਕੇ ਵਿਸ਼ੇਸ਼ ਸਪਲੀਮੈਂਟ

**ਅਦਾਰਾ ਫਤਿਹ ਟਾਈਮਜ਼ ਦੀ ਚੌਥੀ ਵਰ੍ਹੇਗੰਢ ਮੌਕੇ ਵਿਸ਼ੇਸ਼ ਸਪਲੀਮੈਂਟ ਜਲਦ ਪ੍ਰਕਾਸ਼ਿਤ ਕੀਤਾ ਜਾ ਰਿਹਾ ਹੈ ਇਸ਼ਤਿਹਾਰ ਦੇਣ ਲਈ ਹੇਠ ਦਿੱਤੇ ਨੰਬਰ ਤੇ ਸੰਪਰਕ ਕਰੋ।**

ਮੋ:99885-37575

FT

ਹੱਕ ਸੱਚ ਦੀ ਆਵਾਜ਼

ਫਤਿਹ ਟਾਈਮਜ਼

CHANNEL

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ

ਮੋ; 99885-37575